# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 05-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਵੀਡਿਓ-ਕਾਨਫਰੰਸਿੰਗ ਰਾਹੀਂ ਰੁਜ਼ਗਾਰ 'ਤੇ ਬਜਟ ਤੋਂ ਬਾਅਦ ਦੇ ਵੈਬਿਨਾਰ ਵਿਚ ਹਿੱਸਾ ਲੈਣਗੇ। ਵੈਬਿਨਾਰ ਦੇ ਮੁੱਖ ਵਿਸ਼ਿਆਂ ਵਿਚ ਲੋਕਾਂ ਵਿਚ ਨਿਵੇਸ਼ ਕਰਨਾ, ਆਰਥਿਕਤਾ ਤੇ ਨਵੀਆਂ ਕਾਢਾਂ ਸ਼ਾਮਲ ਏ । ਉਹ ਇਸ ਮੌਕੇ ਇਕ ਇਕੱਠ ਨੂੰ ਵੀ ਸੰਬੋਧਨ ਕਰਨਗੇ। ਰੁਜ਼ਗਾਰ ਸਿਰਜਣਾ, ਸਰਕਾਰ ਦੇ ਪ੍ਰਮੁੱਖ ਖੇਤਰਾਂ ਵਿਚੋਂ ਇਕ ਰਿਹਾ ਏ । ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਤੋਂ ਸੇਧ ਲੈਂਦਿਆਂ, ਸਰਕਾਰ ਨੇ ਨੌਕਰੀਆਂ ’ਚ ਵਾਧੇ ਨੂੰ ਉਤਸ਼ਾਹਿਤ ਕਰਨ ਤੇ ਰੁਜ਼ਗਾਰ ਲਈ ਵਧੇਰੇ ਮੌਕੇ ਪੈਦਾ ਕਰਨ ਲਈ ਕਈ ਕਦਮ ਚੁੱਕੇ ਨੇ । ਵੈਬੀਨਾਰ, ਪਰਿਵਰਤਨਸ਼ੀਲ ਬਜਟ ਐਲਾਨਾਂ ਨੂੰ ਪ੍ਰਭਾਵਸ਼ਾਲੀ ਨਤੀਜਿਆਂ ਵਿਚ ਬਦਲਣ ਲਈ ਚਰਚਾਵਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਸਰਕਾਰ, ਸਨਅਤ, ਅਕਾਦਮਿਕ ਖੇਤਰ ਅਤੇ ਨਾਗਰਿਕਾਂ ਦਰਮਿਆਨ ਸਹਿਯੋਗ ਨੂੰ ਹੁਲਾਰਾ ਦੇਵੇਗਾ ।

---

ਪੰਚਾਇਤੀ ਰਾਜ ਰਾਜ ਮੰਤਰੀ ਪ੍ਰੋ. ਐਸ. ਪੀ. ਸਿੰਘ ਬਘੇਲ ਤੇ ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰਿਆ ਪਟੇਲ ਨੇ ਅੱਜ ਨਵੀਂ ਦਿੱਲੀ ਵਿਚ ਇਕ ਰਾਸ਼ਟਰੀ ਸੰਮੇਲਨ ਵਿੱਚ ਪੰਚਾਇਤੀ ਰਾਜ ਮੰਤਰਾਲੇ ਦੀ ਮਾਡਲ ਮਹਿਲਾ-ਅਨੁਕੂਲ ਗ੍ਰਾਮ ਪੰਚਾਇਤ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਹ ਪਹਿਲਕਦਮੀ ਮੰਤਰਾਲੇ ਦੇ ਅੰਤਰਰਾਸ਼ਟਰੀ ਮਹਿਲਾ ਦਿਵਸ 2025 ਦੇ ਜਸ਼ਨਾਂ ਦਾ ਇਕ ਹਿੱਸਾ ਏ । ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਹਰੇਕ ਜ਼ਿਲ੍ਹੇ ਵਿਚ ਘੱਟੋ-ਘੱਟ ਇਕ ਮਾਡਲ ਮਹਿਲਾ-ਅਨੁਕੂਲ ਗ੍ਰਾਮ ਪੰਚਾਇਤ ਸਥਾਪਤ ਕਰਨਾ ਏ । ਇਹ ਲਿੰਗ-ਸੰਵੇਦਨਸ਼ੀਲ ਤੇ ਲੜਕੀ-ਅਨੁਕੂਲ ਸ਼ਾਸਨ ਅਭਿਆਸਾਂ ਲਈ ਇਕ ਮੀਲ ਪੱਥਰ ਵਜੋਂ ਕੰਮ ਕਰੇਗਾ ।

---

ਸੰਯੁਕਤ ਕਿਸਾਨ ਮੋਰਚਾ (SKM) ਵਲੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ ਉਸ ਨਾਲ ਜੁੜੀਆਂ ਸਾਰੀਆਂ ਕਿਸਾਨ ਜਥੇਬੰਦੀਆਂ ਨੂੰ ਅੱਜ ਚੰਡੀਗੜ੍ਹ ਕੂਚ ਕਰਨ ਦੇ ਦਿੱਤੇ ਸੱਦੇ ਦੇ ਮੱਦੇਨਜ਼ਰ, ਚੰਡੀਗੜ੍ਹ ਪੁਲਿਸ ਨੇ ਕਿਸਾਨਾਂ ਨੂੰ ਸੂਬੇ ਦੀ ਰਾਜਧਾਨੀ ਵਿੱਚ ਦਾਖਲ ਹੋਣ ਤੋਂ ਰੋਕਣ ਲਈ ਪੰਜਾਬ ਨਾਲ ਲਗਦੀ ਆਪਣੀ ਸਰਹੱਦ 'ਤੇ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਨੇ । ਛੋਟੇ ਸਮੂਹਾਂ ਵਿਚ ਚੰਡੀਗੜ੍ਹ ਵੱਲ ਵਧ ਰਹੇ ਬਹੁਤੇ ਕਿਸਾਨਾਂ ਨੂੰ ਪੁਲਿਸ ਨੇ ਲਗਭਗ ਸਾਰੇ ਰਾਜ ਤੇ ਰਾਸ਼ਟਰੀ

ਰਾਜਮਾਰਗਾਂ 'ਤੇ ਲਗਾਏ ਨਾਕਿਆਂ 'ਤੇ ਰੋਕ ਦਿੱਤਾ ਏ । ਚੰਡੀਗੜ੍ਹ ਪੁਲਿਸ ਨੇ ਯਾਤਰੀਆਂ ਨੂੰ ਕੁਝ ਰਸਤਿਆਂ ਤੋਂ ਬਚਣ ਲਈ ਇਕ advisory ਵੀ ਜਾਰੀ ਕੀਤੀ ਏ । ਚੰਡੀਗੜ੍ਹ ਪੁਲਿਸ ਦੀ ਸੁਪਰਡੈਂਟ ਗੀਤਾਂਜਲੀ ਖੰਡੇਲਵਾਲ ਨੇ ਕਿਹਾ ਹੈ ਕਿ ਸ਼ਹਿਰ ਵੱਲ ਜਾਣ ਵਾਲੀਆਂ ਸਾਰੀਆਂ ਸਰਹੱਦਾਂ 'ਤੇ ਬੈਰੀਕੇਡਿੰਗ ਕਰ ਦਿੱਤੀ ਗਈ ਏ । ਇਸੇ ਦੌਰਾਨ ਰੋਪੜ ਰੇਂਜ ਦੇ ਡੀਆਈਜੀ ਹਰਚਰਨ ਸਿੰਘ ਭੁੱਲਰ ਨੇ ਕਿਹਾ ਏ ਕਿ ਕਿਸਾਨਾਂ ਨੂੰ ਚੰਡੀਗੜ੍ਹ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾਵੇਗਾ । ਪੰਜਾਬ ਤੇ ਚੰਡੀਗੜ੍ਹ ਪੁਲਿਸ ਵਿਚਕਾਰ ਚੰਗਾ ਤਾਲਮੇਲ ਏ । ByteਓਧਰSKM ਨੇ ਪੰਜਾਬ ਸਰਕਾਰ 'ਤੇ ਵਿਰੋਧ ਪ੍ਰਦਰਸ਼ਨ ਕਰਨ ਦੇ ਉਨ੍ਹਾਂ ਦੇ ਜਮਹੂਰੀ ਅਧਿਕਾਰ ਨੂੰ ਦਬਾਉਣ ਦਾ ਦੋਸ਼ ਲਗਾਇਆ ਏ । ਇਸ ਤੋਂ ਪਹਿਲਾਂ ਮੁੱਦਿਆਂ ਨੂੰ ਹੱਲ ਕਰਨ ਲਈ ਕਿਸਾਨ ਜਥੇਬੰਦੀਆਂ ਦੀ ਸੋਮਵਾਰ ਨੂੰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਹੋਈ ਮੀਟਿੰਗ ਬੇਸਿਟਾਂ ਰਹੀ ਸੀ। ਹਾਲਾਂਕਿ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ ਉਨ੍ਹਾਂ ਦੇ ਦਰਵਾਜ਼ੇ ਕਿਸਾਨਾਂ ਨਾਲ ਗੱਲਬਾਤ ਲਈ ਹਮੇਸ਼ਾ ਖੁੱਲ੍ਹੇ ਨੇ ਪਰ ਅੰਦੋਲਨ ਦੇ ਨਾਮ 'ਤੇ ਆਮ ਲੋਕਾਂ ਨੂੰ ਹੋਣ ਵਾਲੀ ਅਸੁਵਿਧਾ ਤੇ ਪਰੇਸ਼ਾਨੀ ਤੋਂ ਬਚਿਆ ਜਾਣਾ ਚਾਹੀਦਾ ਏ ।

---------------------------------------------------------------------

'ਯੁੱਧ ਨਸ਼ੇ ਵਿਰੁੱਧ' ਮੁਹਿੰਮ ਤਹਿਤ  ਕਮਿਸ਼ਨਰੇਟ ਪੁਲਿਸ ਜਲੰਧਰ ਨੇ ਇਕ ਨਸ਼ਾ ਤਸਕਰ ਦੀ ਸਰਕਾਰੀ ਜ਼ਮੀਨ 'ਤੇ ਕੀਤੇ  ਗੈਰ-ਕਾਨੂੰਨੀ ਕਬਜੇ  ਨੂੰ ਸਫਲਤਾਪੂਰਵਕ ਢਾਹ ਦਿੱਤਾ ਏ। ਇਹ ਜਾਇਦਾਦ ਨਸ਼ਾ ਤਸਕਰ ਧਰਮਿੰਦਰ ਪੁੱਤਰ ਮੋਹਨ ਲਾਲ, ਵਾਸੀ ਢਨਕੀਆ ਮੁਹੱਲਾ, ਜਲੰਧਰ ਦੁਆਰਾ ਬਣਾਈ ਗਈ ਸੀ, ਜੋ ਉਸ ਨੇ  ਨਸ਼ੇ ਦੇ ਕਾਰੋਬਾਰ ਤੋਂ ਪ੍ਰਾਪਤ ਹੋਣ ਵਾਲੀ ਆਮਦਨ ਤੋਂ ਤਿਆਰ ਕੀਤੀ ਸੀ । ਨਗਰ ਨਿਗਮ ਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਨੇ ਇਸ ਕਾਰਵਾਈ ਨੂੰ ਅੰਜਾਮ ਦਿੱਤਾ ਏ । ਧਰਮਿੰਦਰ ਖਿਲਾਫ ਐਨਡੀਪੀਐਸ ਐਕਟ ਤਹਿਤ ਛੇ ਮਾਮਲੇ ਦਰਜ ਨੇ ।

--------------------------------------------------------------------

ਪੰਜਾਬ ਸਰਕਾਰ ਨੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (IIT) ਰੋਪੜ ਨਾਲ ਇਕ ਸਮਝੌਤਾ ਪੱਤਰ (MoU) 'ਤੇ ਹਸਤਾਖਰ ਕੀਤੇ ਨੇ, ਜਿਸ ਦਾ ਉਦੇਸ਼ ਪੰਜਾਬ ਵਿਚ ਖਣਨ ਤੇ ਭੂ-ਵਿਗਿਆਨ ਲਈ ਇਕ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕਰਨਾ ਏ । ਖਣਨ ਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਇਹ ਸੈਂਟਰ ਆਫ਼ ਐਕਸੀਲੈਂਸ ਸੂਬੇ ਵਿਚ ਖਣਨ ਗਤੀਵਿਧੀਆਂ ਦੇ ਵਿਗਿਆਨਕ ਮੁਲਾਂਕਣ ਤੇ ਨਿਗਰਾਨੀ ਨੂੰ ਮਜ਼ਬੂਤ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਹਨਾਂ ਕਿਹਾ ਕਿ ਪੰਜਾਬ ਡਿਜੀਟਲ ਮਾਈਨਿੰਗ

ਪ੍ਰਬੰਧਨ ਪ੍ਰਣਾਲੀ ਲਾਗੂ ਕਰਨ ਵਾਲਾ ਭਾਰਤ ਦਾ ਪਹਿਲਾ ਰਾਜ ਬਣ ਗਿਆ ਏ । ਰੋਪੜ ਵਿਚ ਨਵਾਂ ਸਥਾਪਿਤ ਕੇਂਦਰ ਖਣਿਜ ਸਰੋਤਾਂ ਦੇ ਵਿਗਿਆਨਕ ਤੇ ਪਾਰਦਰਸ਼ੀ ਮੁਲਾਂਕਣ ਨੂੰ ਯਕੀਨੀ ਬਣਾਏਗਾ, ਜਿਸ ਨਾਲ ਸਰਕਾਰੀ ਮਾਲੀਏ ਵਿਚ ਵਾਧਾ ਹੋਵੇਗਾ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਤਕਨੀਕੀ ਤਰੱਕੀ ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਤੇ ਵਿੱਤੀ ਨੁਕਸਾਨ ਨੂੰ ਰੋਕਣ ਵਿਚ ਮਦਦ ਕਰੇਗੀ, ਜਿਸ ਨਾਲ ਪੰਜਾਬ ਦੇ ਮਾਈਨਿੰਗ ਸੈਕਟਰ ਨੂੰ ਹੋਰ ਢਾਂਚਾਗਤ ਤੇ ਟਿਕਾਊ ਬਣਾਇਆ ਜਾਵੇਗਾ ।

---------------------------------------------------------------------------

ਵੱਖ-ਵੱਖ ਕਰਮਚਾਰੀ ਯੂਨੀਅਨਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਪੰਜਾਬ ਭਵਨ ਚੰਡੀਗੜ੍ਹ ਵਿਖੇ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕੀਤੀ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਹਰਭਜਨ ਸਿੰਘ ਈ.ਟੀ.ਓ. ਵੀ ਮੌਜੂਦ ਸਨ। ਧਾਲੀਵਾਲ ਨੇ ਨਿੱਜੀ ਤੌਰ 'ਤੇ ਵੱਖ-ਵੱਖ ਕਰਮਚਾਰੀ ਯੂਨੀਅਨਾਂ ਦੀਆਂ ਮੰਗਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਐਡਵੋਕੇਟ ਜਨਰਲ, ਪੰਜਾਬ ਤੋਂ ਕਾਨੂੰਨੀ ਸਲਾਹ ਲੈ ਕੇ ਆਊਟਸੋਰਸ ਕੀਤੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਲਈ ਨੀਤੀ ਬਣਾਉਣ ਤੇ 31 ਮਾਰਚ 2025 ਤੱਕ ਆਊਟਸੋਰਸ ਕੀਤੇ ਕਰਮਚਾਰੀਆਂ ਦੀਆਂ

ਬਕਾਇਆ ਤਨਖਾਹਾਂ ਜਾਰੀ ਕਰਨ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਅਪਾਹਜ ਵਿਅਕਤੀਆਂ ਦੀਆਂ ਬੈਕਲਾਗ ਅਸਾਮੀਆਂ ਦੀ ਭਰਤੀ ਲਈ ਪ੍ਰਕਿਰਿਆ ਸ਼ੁਰੂ ਕਰਨ ਲਈ ਕਿਹਾ। ਉਹਨਾਂ ਵੱਖ-ਵੱਖ ਕਰਮਚਾਰੀ ਐਸੋਸੀਏਸ਼ਨਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਪੂਰਾ ਕੀਤਾ ਜਾਵੇਗਾ ਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਉਨ੍ਹਾਂ ਦੇ ਫਾਈਲ ਕੰਮ ਨੂੰ ਤੇਜ਼ ਕਰਨ ਤੇ ਇਹ ਪਤਾ ਲਗਾਉਣ ਕਿ ਫਾਈਲਾਂ ਕਿੱਥੇ ਲੰਬਿਤ ਨੇ ।